ਦਫਤਰ ਜਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।

(ਫੁਟਕਲ ਸ਼ਾਖਾ)

ਹੁਕਮ

ਏਅਰ ਫੋਰਸ ਸਟੇਸ਼ਨ ਅਥਾਰਟੀਜ਼ ਚੰਡੀਗੜ੍ਹ ਨੇ ਇਸ ਦਫਤਰ ਦੇ ਧਿਆਨ ਵਿੱਚ ਲਿਆਂਦਾ ਹੈ ਕਿ ਏਅਰ ਫੋਰਸ
ਸਟੇਸ਼ਨ ਦੇ ਆਲੇ-ਦੁਆਲੇ ਆਮ ਜਨਤਾ ਵੱਲੋਂ ਕਈ ਖਾਣ-ਪੀਣ ਦੀਆ ਦੁਕਾਨਾ ਖੋਲੀਆ ਹੋਈਆ ਹਨ, ਉਨ੍ਹਾਂ ਵੱਲੋਂ ਇਨ੍ਹਾਂ ਵਸਤਾ ਦੀ
ਰਹਿੰਦ ਖੁੱਲੇ ਵਿੱਚ ਹੀ ਸੁੱਟ ਦਿੱਤੀ ਜਾਂਦੀ ਹੈ। ਜਿਸ ਕਰਕੇ ਏਅਰ ਫੋਰਸ ਦੇ ਏਰੀਏ ਵਿੱਚ ਮਾਸਾਹਾਰੀ ਪੰਛੀ ਉੱਡਦੇ ਰਹਿੰਦੇ ਹਨ।
ਇਨ੍ਹਾਂ ਦੇ ਉੱਡਣ ਨਾਲ ਕਿਸੇ ਵੀ ਸਮੇਂ ਹਵਾਈ ਜਹਾਜ਼ ਨਾਲ ਟਕਰਾਉਣ ਕਰਕੇ ਹਾਦਸਾ ਵਾਪਰਨ ਦਾ ਡਰ ਬਣਿਆ ਰਹਿੰਦਾ ਹੈ ਜੋ ਕਿ
ਰਾਸ਼ਟਰੀ ਸੁਰੱਖਿਆ ਲਈ ਵੀ ਖਤਰੇ ਦਾ ਕਾਰਨ ਬਣਦਾ ਹੈ ਅਤੇ ਫੌਜ਼ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਵਿੱਚ ਵੀ ਵਿਘਨ ਪੈਦਾ
ਕਰਦਾ ਹੈ। ਇਸ ਦੇ ਫਲਸਰੂਪ ਅਮਨ ਅਤੇ ਕਾਨੂੰਨ ਦੀ ਸਥਿਤੀ ਵੀ ਭੰਗ ਹੋਣ ਦਾ ਖਦਸ਼ਾ ਬਣਿਆ ਰਹਿੰਦਾ ਹੈ।

ਇਸ ਲਈ ਮੈਂ ਗਿਰੀਸ਼ ਦਿਆਲਨ, ਆਈ.ਏ.ਐਸ., ਜ਼ਿਲ੍ਹਾ ਮੈਜਿਸਟਰੇਟ, ਸਾਹਿਬਜ਼ਾਦਾ ਅਜੀਤ ਸਿੰਘ ਨਗਰ
ਫੌਜਦਾਰੀ ਜਾਬਤਾ ਸੰਘਤਾ 1973 (1974 ਦਾ ਐਕਟ ਨੰਬਰ 2) ਦੀ ਧਾਰਾ 144 ਅਧੀਨ ਪ੍ਰਾਪਤ ਹੋਈਆਂ ਸ਼ਕਤੀਆਂ ਦੀ ਵਰਤੋਂ ਕਰਦਾ
ਹੋਇਆ ਏਅਰ ਫੋਰਸ ਸਟੇਸ਼ਨ ਤੋਂ ਇੱਕ ਹਜ਼ਾਰ ਮੀਟਰ ਏਰੀਏ (ਜ਼ੋ ਕਿ ਇਸ ਜਿਲ੍ਹੇ ਦੀ ਹਦੂਦ ਅੰਦਰ ਆਉਂਦਾ ਹੈ) ਦੇ ਆਲੇ ਦੁਆਲੇ
ਮਾਸਾਹਾਰੀ ਦੁਕਾਨਾਂ ਚਲਾਉਣ ਅਤੇ ਇਸ ਦੀ ਰਹਿੰਦ ਨੂੰ ਸੁੱਟਣ ਤੇ ਪੂਰਨ ਤੋਰ ਤੇ ਪਾਬੰਦੀ ਲਗਾਉਂਦਾ ਹਾਂ ਤਾਂ ਜ਼ੋ ਹਵਾਈ ਜਹਾਜ਼ਾਂ ਨਾਲ
ਕੋਈ ਹਾਦਸਾ ਨਾ ਵਾਪਰੇ, ਕੋਈ ਜਾਨੀ-ਮਾਲੀ ਨੁਕਸਾਨ ਨਾਂ ਹੋ ਸਕੇ ਅਤੇ ਅਮਨ ਤੇ ਕਾਨੂੰਨ ਦੀ ਵਿਵਸਥਾ ਕਾਇਮ ਰੱਖੀ ਜਾ ਸਕੇ।

ਸੀਨੀਅਰ ਕਪਤਾਨ ਪੁਲਿਸ, ਐਸ.ਏ.ਐਸ.ਨਗਰ ਇਸ ਹੁਕਮ ਦੀ ਪਾਲਣਾ ਕਰਨੀ ਯਕੀਨੀ ਬਨਾਉਣਗੇ। ਇਸ ਤੋਂ
ਇਲਾਵਾ ਸਬੰਧਤ ਉਪ ਮੰਡਲ ਮੈਜਿਸਟਰੇਟ, ਤਹਿਸੀਲਦਾਰ, ਨਾਇਬ ਤਹਿਸੀਲਦਾਰ, ਜਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਮਿਲਖ
ਅਫਸਰ ਗਮਾਡਾ ਅਤੇ ਕਾਰਜਸਾਧਕ ਅਫਸਰ, ਮਿਉਂਸਪਲ ਕਮੇਟੀ, ਜ਼ੀਰਕਪੁਰ ਵੀ ਇਨ੍ਹਾਂ ਹੁਕਮਾ ਦੀ ਪਾਲਣਾ ਅਤੇ promulgate ਕਰਨਾ
ਯਕੀਨੀ ਬਣਾਉਣਗੇ।

ਇਹ ਹੁਕਮ ਮਿਤੀ 17-06-2020 ਤੋਂ 16-08-2020 ਤੱਕ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿਖੇ
ਤੁਰੰਤ ਅਸਰ ਨਾਲ ਲਾਗੂ ਹੋਵੇਗਾ।

ਇਸ ਹੁਕਮ ਦਾ ਪ੍ਰਚਾਰ ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਇਲਾਕਿਆਂ ਵਿੱਚ ਜ਼ਿਲਾ ਲੋਕ ਸੰਪਰਕ
ਅਫਸਰ, ਐਸ.ਏ.ਐਸ ਨਗਰ ਦੀ ਪ੍ਰਚਾਰ ਵੈਨ ਅਤੇ ਸਰਕਾਰੀ ਦਫ਼ਤਰਾਂ ਦੇ ਨੋਟਿਸ ਬੋਰਡਾਂ ਤੇ ਇਸ ਹੁਕਮ ਦੀਆਂ ਕਾਪੀਆਂ ਚਸਪਾ ਕਰਕੇ
ਰੇਡੀਉ ਟੈਲੀਵੀਜਨ, ਦੂਰਦਰਸ਼ਨ ਅਤੇ ਪ੍ਰੈਸ ਰਾਹੀਂ ਆਮ ਜਨਤਾ ਤੱਕ ਪਹੁੰਚਾਇਆ ਜਾਵੇ।

ਇਹ ਹੁਕਮ ਅੱਜ ਮਿਤੀ 17-06-2020 ਨੂੰ ਮੇਰੇ ਹਸਤਾਖਰਾਂ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

ਸਹੀ/-
ਗਿਰੀਸ਼ ਦਿਆਲਨ, ਆਈ.ਏ.ਐਸ.,
ਜ਼ਿਲ੍ਹਾ ਮੈਜਿਸਟਰੇਟ,
ਸਾਹਿਬਜਾਦਾ ਅਜੀਤ ਸਿੰਘ ਨਗਰ।

10571/ਮੀ
24-6-2020

ਪਿੱਠ ਅੰਕਣ ਨੰ: 15582-15560/ਐਮ.ਸੀ-1 ਮਿਤੀ: 23-6-2020

ਇਸ ਦਾ ਇੱਕ ਉਤਾਰਾ:-

1. ਮੁੱਖ ਸਕੱਤਰ,ਪੰਜਾਬ ਸਰਕਾਰ,ਚੰਡੀਗੜ੍ਹ।
2. ਪ੍ਰਮੁੱਖ ਸਕੱਤਰ ਪੰਜਾਬ ਸਰਕਾਰ ਗ੍ਰਹਿ ਮਾਮਲੇ ਅਤੇ ਨਿਆਂ ਵਿਭਾਗ,ਚੰਡੀਗੜ੍ਹ।
3. ਕਮਿਸ਼ਨਰ, ਰੂਪਨਗਰ ਮੰਡਲ, ਰੂਪਨਗਰ।
4. ਡੀ.ਆਈ.ਜੀ. ਰੇਜ ਰੂਪਨਗਰ।
5. ਡਾਇਰੈਕਟਰ, ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ, ਪੰਜਾਬ, ਸਾਹਿਬਜਾਦਾ ਅਜੀਤ ਸਿੰਘ ਨਗਰ।
6. ਮੁੱਖ ਪ੍ਰਸਾਸ਼ਕ, ਗਮਾਡਾ/ਪੁੱਡਾ, ਸਾਹਿਬਜਾਦਾ ਅਜੀਤ ਸਿੰਘ ਨਗਰ।
7. ਡਾਇਰੈਕਟਰ, ਪਸ਼ੂ ਪਾਲਣ ਵਿਭਾਗ, ਪੰਜਾਬ, ਸਾਹਿਬਜਾਦਾ ਅਜੀਤ ਸਿੰਘ ਨਗਰ।
8. ਮੁੱਖ ਇੰਜੀਨੀਅਰ, ਵਾਟਰ ਰਿਸੋਰਸਿਜ਼ ਭਵਨ, ਪੰਜਾਬ ਸੈਕਟਰ-68, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
9. ਮੁੱਖ ਵਣ ਪਾਲ, ਵਣ ਭਵਨ, ਪੰਜਾਬ, ਸੈਕਟਰ-68, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
10. ਜਿਲਾ ਅਤੇ ਸ਼ੈਸ਼ਨ ਜੱਜ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
11. ਸਕੱਤਰ,ਪੰਜਾਬ ਸਕੂਲ ਸਿੱਖਿਆ ਬੋਰਡ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
12. ਸੀਨੀਅਰ ਪੁਲਿਸ ਕਪਤਾਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
13. ਸਮੂਹ ਜਿਲਾ ਮੈਜਿਸਟਰੇਟ ਰੂਪਨਗਰ, ਫਤਹਿਗੜ੍ਹ ਸਾਹਿਬ, ਪਟਿਆਲਾ, ਸੰਗਰੂਰ, ਮਾਨਸਾ, ਲੁਧਿਆਣਾ, ਬਠਿੰਡਾ, ਫਿਰੋਜ਼ਪੁਰ, ਫਰੀਦਕੋਟ, ਮੋਗਾ, ਮੁਕਤਸਰ, ਅਮ੍ਰਿਤਸਰ, ਤਰਨ ਤਾਰਨ, ਜਲੰਧਰ, ਕਪੂਰਥਲਾ, ਹੁਸ਼ਿਆਰਪੁਰ, ਸ਼ਹੀਦ ਭਗਤ ਸਿੰਘ ਨਗਰ, ਗੁਰਦਾਸਪੁਰ, ਬਰਨਾਲਾ, ਫਾਜਲਿਕਾ, ਪਠਾਨਕੋਟ।
14. ਕਮਿਸ਼ਨਰ, ਨਗਰ ਨਿਗਮ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
15. ਵਧੀਕ ਮੁੱਖ ਪ੍ਰਸ਼ਾਸਕ, ਗਮਾਡਾ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
16. ਵਿੰਗ ਕਮਾਂਡਰ, ਏਅਰ ਫੋਰਸ ਸਟੇਸਨ, ਚੰਡੀਗੜ੍ਹ।
17. ਸਿਵਲ ਸਰਜਨ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
18. ਜ਼ਿਲ੍ਹਾ ਟਰਾਂਸਪੋਰਟ,ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
19. ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
20. ਜਿਲ੍ਹਾ ਵਿਕਾਸ ਅਤੇ ਪੰਚਾਇਤ ਅਫਸਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
21. ਉਪ ਮੰਡਲ ਮੈਜਿਸਟਰੇਟ, ਮੋਹਾਲੀ, ਖਰੜ, ਡੇਰਾਬਸੀ।
22. ਤਹਿਸੀਲਦਾਰ, ਮੋਹਾਲੀ, ਖਰੜ, ਡੇਰਾਬਸੀ।
23. ਜਿਲ੍ਹਾ ਇੰਨਫੋਰਮੈਟਿਕ ਅਫਸਰ, ਸਾਹਿਬਜਾਦਾ ਅਜੀਤ ਸਿੰਘ ਨਗਰ ਨੂੰ ਧਾਰਾ 144 ਦੇ ਹੁਕਮ ਜਿਲ੍ਹੇ ਦੀ ਵੈਬ ਸਾਈਟ ਤੇ ਅਪ ਲੋਡ ਕਰਨ ਸਬੰਧੀ।
24. ਨਾਇਬ ਤਹਿਸੀਲਦਾਰ, ਮਾਜਰੀ, ਬਨੂੰੜ, ਜੀਰਕਪੁਰ।
25. ਕਾਰਜਕਾਰੀ ਇੰਜੀਨੀਅਰ, ਵਾਟਰ ਸਪਲਾਈ ਅਤੇ ਸੈਨੀਟੇਸ਼ਨ ਮੰਡਲ ਨੰ: 1, 2 ਅਤੇ 3, ਸਾਹਿਬਜਾਦਾ ਅਜੀਤ ਸਿੰਘ ਨਗਰ।
26. ਕਾਰਜਕਾਰੀ ਇੰਜੀਨੀਅਰ, ਕੇਂਦਰੀ ਕਾਰਜ ਮੰਡਲ, ਲੋ.ਨਿ.ਵਿ, ਭ: ਤੇ ਮ: ਸ਼ਾਖਾ, ਸਾਹਿਬਜਾਦਾ ਅਜੀਤ ਸਿੰਘ ਨਗਰ।
27. ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋਕ ਨਿਰਮਾਣ ਵਿਭਾਗ, ਭ: ਤੇ ਮ: ਸ਼ਾਖਾ, ਸਾਹਿਬਜਾਦਾ ਅਜੀਤ ਸਿੰਘ ਨਗਰ।
28. ਕਾਰਜਕਾਰੀ ਇੰਜੀਨੀਅਰ, ਉਸਾਰੀ ਮੰਡਲ, ਲੋਕ ਨਿਰਮਾਣ ਵਿਭਾਗ, ਭ: ਤੇ ਮ: ਸ਼ਾਖਾ, ਸਾਹਿਬਜਾਦਾ ਅਜੀਤ ਸਿੰਘ ਨਗਰ।
29. ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ, ਮਾਜਰੀ, ਖਰੜ, ਡੇਰਾਬਸੀ।
30. ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ, ਖਰੜ, ਕੁਰਾਲੀ, ਡੇਰਾਬਸੀ, ਨਿਆ ਗਰਾਉ, ਜੀਰਕੁਪਰ, ਬਨੂੰੜ ਅਤੇ ਲਾਲੜੂ।
31. ਸਕੱਤਰ, ਮਾਰਕੀਟ ਕਮੇਟੀ, ਖਰੜ, ਡੇਰਾਬਸੀ, ਕੁਰਾਲੀ, ਲਾਲੜੂ ਅਤੇ ਬਨੂੰੜ।
32. ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
33. ਜ਼ਿਲ੍ਹਾ ਸਿੱਖਿਆ ਅਫ਼ਸਰ, ਪ੍ਰਾਇਮਰੀ, ਸਾਹਿਬਜ਼ਾਦਾ ਅਜੀਤ ਸਿੰਘ ਨਗਰ।
34. ਸੁਪਰਡੰਟ ਗਰੇਡ-1/ਪੀ.ਏ.ਟੂ ਡੀ.ਐਮ./ਸਟੈਨੋ ਟੂ ਏ.ਡੀ.ਐਮ.(ਜ)/ਸਟੈਨੋ ਟੂ ਸ:ਕ:(ਜ:/ਸਿ:) ਨੂੰ ਸੂਚਨਾ ਤੇ ਅਗਲੀ ਕਾਰਵਾਈ ਹਿੱਤ।

ਐਸ.ਐਸ.ਪੀ.
ਐਸ.ਏ.ਐਸ. ਨਗਰ

ਸਹਾਇਕ ਕਮਿਸ਼ਨਰ (ਜ),
ਵਾ:ਜ਼ਿਲ੍ਹਾ ਮੈਜਿਸਟਰੇਟ,
ਸਾਹਿਬਜਾਦਾ ਅਜੀਤ ਸਿੰਘ ਨਗਰ।

Inch. TOT